# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-05-2024**

- ਪੰਜਾਬ ਦੇ 13 ਲੋਕ ਸਭਾ ਹਲਕਿਆਂ ਵਿਚ ਆਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਚੌਥੇ ਦਿਨ ਵੱਡੀ ਗਿਣਤੀ ਵਿਚ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕੀਤੇ।
- BJP ਨੇ ਫਤਹਿਗੜ੍ਹ ਸਾਹਿਬ ਰਾਖਵੇਂ ਲੋਕਸਭਾ ਹਲਕੇ ਤੋਂ, ਗੇਜਾ ਰਾਮ ਵਾਲਮੀਕਿ ਨੂੰ ਆਪਣਾ ਉਮੀਦਵਾਰ ਐਲਾਨਿਆ।
- ਭਗਵਾਨ ਸ੍ਰੀ ਵਿਸ਼ਨੂੰ ਜੀ ਦੇ 6ਵੇਂ ਅਵਤਾਰ ਭਗਵਾਨ ਸ੍ਰੀ ਪਰਸ਼ੁਰਾਮ ਜੀ ਦਾ ਅਵਤਾਰ ਦਿਵਸ, ਅੱਜ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ।

---

ਪੰਜਾਬ ਦੇ 13 ਲੋਕ ਸਭਾ ਹਲਕਿਆਂ ਵਿਚ ਆਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਚੌਥੇ ਦਿਨ ਵੱਡੀ ਗਿਣਤੀ ਵਿਚ

ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕੀਤੇ। ਭਾਰਤੀ ਜਨਤਾ ਪਾਰਟੀ, ਕਾਂਗਰਸ ਪਾਰਟੀ, ਸ਼੍ਰੋਮਣੀ ਅਕਾਲੀ ਦੱਲ, ਬਹੁਜਨ ਸਮਾਜ ਪਾਰਟੀ ਅਤੇ ਆਮ ਆਦਮੀ ਪਾਰਟੀ ਦੇ ਕਈ ਪ੍ਰਮੁੱਖ ਉਮੀਦਵਾਰ ਇਨਾਂ ਵਿਚ ਸ਼ਾਮਲ ਨੇ। ਗੁਰਦਾਸਪੁਰ ਲੋਕਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਦਿਨੇਸ਼ ਸਿੰਘ ਬੱਬੂ, ਜਲੰਧਰ ਰਾਖਵੇਂ ਹਲਕੇ ਤੋਂ ਸੁਸ਼ੀਲ ਰਿੰਕੂ, ਅੰਮ੍ਰਿਤਸਰ ਤੋਂ ਤਰਨਜੀਤ ਸਿੰਘ ਸੰਧੂ, ਲੁਧਿਆਣਾ ਤੋਂ ਰਵਨੀਤ ਸਿੰਘ ਬਿੱਟੂ, ਅਤੇ ਖਡੂਰ ਸਾਹਿਬ ਤੋਂ ਮਨਜੀਤ ਸਿੰਘ ਮੰਨਾ ਨੇ ਆਪੋ-ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕੀਤੇ ਨੇ। ਜਲੰਧਰ ਤੇ ਗੁਰਦਾਸਪੁਰ ਵਿਚ ਪਾਰਟੀ ਦੇ ਸੀਨੀਅਰ ਆਗੂ ਤੇ ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ, ਅੰਮ੍ਰਿਤਸਰ ਵਿਚ ਪਾਰਟੀ ਦੇ ਸੀਨੀਅਰ ਆਗੂ ਤੇ ਕੇਂਦਰੀ ਮੰਤਰੀ ਐਸ ਜੈਸ਼ੰਕਰ, ਲੁਧਿਆਣਾ ਵਿਚ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਵਿਜੈ ਰੁਪਾਣੀ ਅਤੇ ਖਡੂਰ ਸਾਹਿਬ ਵਿਖੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਸਹਿ ਇੰਚਾਰਜ ਡਾਕਟਰ ਨਰਿੰਦਰ ਰੈਨਾ ਉਮੀਦਵਾਰਾਂ ਨਾਲ ਮੌਜੂਦ ਰਹੇ। ਜਲੰਧਰ ਤੋਂ ਕਾਂਗਰਸ ਪਾਰਟੀ ਦੇ ਚਰਨਜੀਤ ਸਿੰਘ ਚੰਨੀ, ਖਡੂਰ ਸਾਹਿਬ ਤੋਂ ਕੁਲਬੀਰ ਸਿੰਘ

ਜ਼ੀਰਾ, ਗੁਰਦਾਸਪੁਰ ਤੋਂ ਸੁਖਜਿੰਦਰ ਸਿੰਘ ਰੰਧਾਵਾ, ਹੁਸ਼ਿਆਰਪੁਰ ਰਾਖਵੇਂ ਹਲਕੇ ਤੋਂ ਯਾਮਿਨੀ ਗੋ-ਮਰ ਅਤੇ ਬਠਿੰਡਾ ਤੋਂ ਜੀਤ ਮੋਹਿੰਦਰ ਸਿੰਘ ਸਿੱਧੂ ਨੇ ਨਾਮਜ਼ਦਗੀ ਕਾਗਜ ਦਾਖ਼ਲ ਕੀਤੇ। ਹੁਸ਼ਿਆਰਪੁਰ ਵਿਚ ਸੂਬਾ ਪਾਰਟੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਗੁਰਦਾਸਪੁਰ ਵਿਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਮੌਜੂਦ ਰਹੇ। ਜਲੰਧਰ ਰਾਖਵੇਂ ਲੋਕਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਮੋਹਿੰਦਰ ਸਿੰਘ ਕੇ ਪੀ, ਪਟਿਆਲਾ ਤੋਂ ਨਰੇਂਦਰ ਕੁਮਾਰ ਸ਼ਰਮਾ, ਫਰੀਦਕੋਟ ਤੋਂ ਰਾਜ-ਵਿੰਦਰ ਸਿੰਘ ਰੰਧਾਵਾ, ਅਨੰਦਪੁਰ ਸਾਹਿਬ ਤੋਂ ਪ੍ਰੇਮ ਸਿੰਘ ਚੰਦੂਮਾਜਰਾ ਅਤੇ ਅੰਮ੍ਰਿਤਸਰ ਤੋਂ ਅਨਿਲ ਜੋਸ਼ੀ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਅੰਮ੍ਰਿਤਸਰ ਵਿਚ ਪਾਰਟੀ ਦੇ ਸੀਨੀਅਰ ਆਗੂ ਬਿਕਰਮਜੀਤ ਸਿੰਘ ਮਜੀਠੀਆ ਮੌਜੂਦ ਰਹੇ। ਜਲੰਧਰ ਰਾਖਵੇਂ ਲੋਕਸਭਾ ਹਲਕੇ ਤੋਂ ਬਹੁਜਨ ਸਮਾਜ ਪਾਰਟੀ ਦੇ ਬਲਵਿੰਦਰ ਕੁਮਾਰ ਨੇ ਵੀ ਆਪਣੇ ਨਾਮਜਦਗੀ ਕਾਗਜ਼ ਦਾਖ਼ਲ ਕੀਤੇ। ਅਨੰਦਪੁਰ ਸਾਹਿਬ ਲੋਕਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਮਾਲਵਿੰਦਰ ਸਿੰਘ ਕੰਗ, ਬਠਿੰਡਾ ਤੋਂ ਗੁਰਮੀਤ ਸਿੰਘ ਖੁਡੀਆਂ, ਹੁਸ਼ਿਆਰਪੁਰ ਰਾਖਵੇਂ

ਹਲਕੇ ਤੋਂ ਡਾਕਟਰ ਰਾਜ ਕੁਮਾਰ ਚੱਬੇਵਾਲ, ਫਤਹਿਗੜ੍ਹ ਸਾਹਿਬ ਰਾਖਵੇਂ ਹਲਕੇ ਤੋਂ ਗੁਰਪ੍ਰੀਤ ਸਿੰਘ GP ਤੋਂ ਅਲਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਉਮੀਦਵਾਰ ਰਾਜ ਜਤਿੰਦਰ ਸਿੰਘ ਬਿੱਟੂ ਨੇ ਵੀ ਆਪਣੇ ਨਾਮਜ਼ਦਗੀ ਕਾਗਜ ਦਾਖ਼ਲ ਕੀਤੇ ਨੇ।

*ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਨਾਮਜ਼ਦਗੀਆਂ ਦਾਖ਼ਲ ਕਰਨ ਦੇ ਅੱਜ ਚੌਥੇ ਦਿਨ ਜਲੰਧਰ ਸਮੇਤ ਵੱਖ ਵੱਖ ਜ਼ਿਲਿਆਂ ਦੇ ਹੈਡ ਕੁਆਰਟਰਾਂ ਤੇ ਜ਼ਿਲਾ ਚੋਣ ਅਧਿਕਾਰਿਆਂ ਕਮ ਡਿਪਟੀ ਕਮਿਸ਼ਨਰਾਂ ਦੇ ਦਫਤਰ ਵਿਚ ਸਵੇਰ ਤੋਂ ਦੁਪਹਿਰ ਤਕ ਕਾਫੀ ਰੌਣਕਾਂ ਲੱਗੀਆਂ ਰਹੀਆਂ ਅਤੇ ਚਹਿਲ ਪਹਿਲ ਵਾਲਾ ਇਕ ਵੱਖਰਾ ਹੀ ਨਜਾਰਾ ਵੇਖਣ ਨੂੰ ਮਿਲਦਾ ਰਿਹਾ। ਆਪੋ ਆਪਣੀਆਂ ਪਾਰਟੀਆਂ ਦੇ ਵਰੱਕਰਾਂ ਨਾਲ ਢੋਲ ਨਗਾੜਿਆਂ ਦੀ ਥਾਪ ਤੇ ਰੋਡ ਸ਼ੋ ਰਾਹੀਂ ਸ਼ਕਤੀ ਪ੍ਰਦਰਸ਼ਨ ਕਰਦੇ ਉਮੀਦਵਾਰ ਆਪਣੇ ਨਾਮਜ਼ਦਗੀ ਕਾਗਜ ਭਰਨ ਲਈ ਪੁਜਦੇ ਰਹੇ। ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨਾਮਜ਼ਦਗੀ ਦਾਖ਼ਲ ਕਰਨ ਸਮੇਂ ਚੋਣ ਅਧਿਕਾਰੀ ਕੋਲ ਸਿਰਫ ਪੰਜ ਵਿਅਕਤੀਆਂ ਨੂੰ ਹੀ ਜਾਣ ਦੀ ਇਜਾਜਤ ਦਿੱਤੀ ਗਈ। ਸੂਬੇ ਵਿਚ*

ਸਾਰੇ ਹੀ ਜ਼ਿਲਾ ਚੋਣ ਅਧਿਕਾਰਿਆਂ ਦੇ ਦਫਤਰਾਂ ਦੇ ਇਲਾਕੇ ਵਿਚ ਸੁਰੱਖਿਆ ਦੇ ਸਖਤ ਇੰਤਜ਼ਾਮ ਕੀਤੇ ਗਏ ਸਨ ਅਤੇ ਉਮੀਦਵਾਰਾਂ ਨਾਲ ਆਉਣ ਵਾਲੇ ਪਾਰਟੀ ਵਰਕਰਾਂ ਨੂੰ ਚੋਣ ਦਫਤਰ ਤੋਂ ਕਾਫੀ ਪਹਿਲਾਂ ਹੀ ਰੋਕ ਲਿਆ ਗਿਆ। ਇਸ ਦੌਰਾਨ ਜਲੰਧਰ ਵਿਚ ਸ਼ਿਰੋਮਣੀ ਅਕਾਲੀ ਦਲ ਅਤੇ ਕਾਂਗਰਸ ਦੇ ਵਰਕਰਾਂ ਵਿਚਾਲੇ ਚੋਣ ਅਧਿਕਾਰੀ ਦੇ ਦਫਤਰ ਨੇੜੇ ਤਿੱਖੀ ਬਹਿਸਬਾਜੀ ਵੇਖਣ ਨੂੰ ਮਿਲੀ। ਦੋਹਾਂ ਵਲੋਂ ਇਕ ਦੂਜੇ ਤੇ ਆਰੋਪ ਲਗਾਏ ਗਏ ਅਤੇ ਨਾਅਰੇਬਾਜ਼ੀ ਕੀਤੀ ਗਈ। ਹਾਲਾਂਕਿ ਮੌਕੇ ਤੇ ਮੌਜੂਦ ਪੁਲਿਸ ਅਮਲੇ ਨੇ ਸਮੇਂ ਸਰ ਦੋਹਾਂ ਧਿਰਾਂ ਨੂੰ ਅੱਡ ਅੱਡ ਕਰਕੇ ਮਾਹੌਲ ਨੂੰ ਵਿਗੜਣ ਤੋਂ ਬਚਾ ਲਿਆ। ਸੂਬੇ ਵਿਚ ਨਾਮਜ਼ਦਗੀਆਂ 14 ਮਈ ਤੱਕ ਭਰੀਆਂ ਜਾ ਸਕਣਗੀਆਂ ਪਰ 11 ਤੇ 12 ਮਈ ਨੂੰ ਸ਼ਨੀਵਾਰ ਤੇ ਐਤਵਾਰ ਦੀ ਛੁੱਟੀ ਕਰਕੇ ਕਾਗਜ਼ ਜਮ੍ਹਾਂ ਨਹੀਂ ਹੋਣਗੇ । 15 ਮਈ ਨੂੰ ਨਾਮਜ਼ਦਗੀਆਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਨਾਮਜ਼ਦਗੀ ਵਾਪਸ ਲੈਣ ਦੀ ਅੰਤਿਮ ਤਾਰੀਖ ਏ । ਸੂਬੇ ਦੀਆਂ ਸਾਰੀਆਂ ਹੀ 13 ਲੋਕ ਸਭਾ ਸੀਟਾਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ

***ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਇਸ ਦੌਰਾਨ ਅੰਮ੍ਰਿਤਸਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਵਿਦੇਸ਼ ਮੰਤਰੀ ਐਸ ਜੈ ਸ਼ੰਕਰ ਨੇ ਕਿਹਾ ਕਿ ਤਰਨਜੀਤ ਸੰਧੂ ਨੇ ਵਿਦੇਸ਼ ਵਿਚ ਰਹਿੰਦਿਆਂ ਦੇਸ਼ ਦੀ ਕਾਫੀ ਸੇਵਾ ਕੀਤੀ ਏ।

---------------------------------------------------

ਏਧਰ ਗੁਰਦਾਸਪੁਰ ਵਿਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਕਾਂਗਰਸ ਪਾਰਟੀ ਹੀ ਲੋਕਤੰਤਰ ਨੂੰ ਬਚਾ ਸਕਦੀ ਏ।

---------------------------------------------------

ਫਤਹਿਗੜ੍ਹ ਸਾਹਿਬ ਰਾਖਵੇਂ ਲੋਕਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਨੇ ਗੇਜਾ ਰਾਮ ਵਾਲਮੀਕਿ ਨੂੰ ਆਪਣਾ ਉਮੀਦਵਾਰ ਐਲਾਨਿਆ ਏ। ਉਧਰ ਬਹੁਜਨ ਸਮਾਜ ਪਾਰਟੀ ਨੇ ਹੁਸ਼ਿਆਰਪੁਰ ਰਾਖਵੇਂ ਲੋਕਸਭਾ

ਹਲਕੇ ਤੋਂ ਰਣਜੀਤ ਕੁਮਾਰ ਨੂੰ ਆਪਣਾ ਉਮੀਦਵਾਰ ਬਣਾਇਆ ਏ। ਜ਼ਿਕਰਯੋਗ ਏ ਕਿ ਇਸ ਤੋਂ ਪਹਿਲਾਂ ਪਾਰਟੀ ਵਲੋਂ ਐਲਾਨੇ ਉਮੀਦਵਾਰ ਰਾਕੇਸ਼ ਸੋਮਨ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ ਸਨ।

-----------------------------------------------------

ਭਗਵਾਨ ਸ਼੍ਰੀ ਵਿਸ਼ਨੂੰ ਜੀ ਦੇ 6ਵੇਂ ਅਵਤਾਰ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦਾ ਅਵਤਾਰ ਦਿਵਸ, ਅੱਜ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਵਸਾਖ ਮਹੀਨੇ ਦੇ ਸ਼ੁਕਲ ਪੱਖ ਦੀ ਤ੍ਰਿਤੀਆ ਨੂੰ ਇਹ ਦਿਨ ਮਨਾਇਆ ਜਾਂਦਾ ਏ, ਇਸ ਲਈ ਅੱਜ ਦੇ ਦਿਨ ਨੂੰ 'ਅਕਸ਼ਯ ਤ੍ਰਿਤੀਆ' ਵੀ ਕਿਹਾ ਜਾਂਦਾ ਏ। ਭਗਵਾਨ ਸ਼੍ਰੀ ਪਰਸ਼ੂਰਾਮ ਆਦਰਸ਼ ਬ੍ਰਹਮਚਾਰੀ ਹੋਣ ਦੇ ਨਾਲ ਨਾਲ ਬੇਹੱਦ ਬਹਾਦਰ ਅਤੇ ਉਤਸ਼ਾਹੀ ਵੀ ਸਨ। ਇਸ ਮੌਕੇ ਤੇ ਜਲੰਧਰ ਸਮੇਤ ਸੂਬੇ ਦੇ ਕਈ ਮੰਦਰਾਂ ਵਿਚ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦੀ ਪੂਜਾ ਅਰਚਨਾ ਨਾਲ ਵਿਸ਼ੇਸ਼ ਹਵਨ ਯੱਗ ਕੀਤੇ ਗਏ। ਜੀਰਕਪੁਰ ਦੇ ਲੋਹਗੜ੍ਹ ਸਥਿਤ ਸਨਾਤਨ ਧਰਮ ਮੰਦਰ ਵਿਖੇ ਵੀ ਹਵਨ-ਯੱਗ ਕਰਵਾਇਆ ਗਿਆ ਅਤੇ ਦੇਸ਼ ਦੀ

ਖੁਸ਼ਹਾਲੀ, ਤਰੱਕੀ ਤੇ ਅਮਨ ਚੈਨ ਦੀ ਦੁਆ ਵੀ ਕੀਤੀ ਗਈ। ਏਧਰ ਗੁਰਦਾਸਪੁਰ ਜ਼ਿਲੇ ਦੇ ਦੀਨਾਨਗਰ ਵਿਖੇ ਬ੍ਰਾਹਮਣ ਸਭਾ ਨੇ ਭਗਵਾਨ ਪਰਸ਼ੂਰਾਮ ਜਯੰਤੀ ਬੜੇ ਉਤਸ਼ਾਹ ਨਾਲ ਮਨਾਈ । ਇਸ ਮੌਕੇ ਪੰਡਿਤ ਪ੍ਰਭੂ ਦਿਆਲ ਨੇ ਦੱਸਿਆ ਕਿ ਜਨਮ ਸਮੇਂ ਪਰਸ਼ੁਰਾਮ ਜੀ ਦਾ ਨਾਂ 'ਰਾਮ' ਰੱਖਿਆ ਗਿਆ ਸੀ ਪਰ ਕੁਝ ਸਮੇਂ ਬਾਅਦ ਜਦੋਂ ਮਹਾਦੇਵ ਨੇ ਪਰਸ਼ੂ ਨਾਮ ਦਾ ਸ਼ਸਤਰ ਰਾਮ ਨੂੰ ਦਿੱਤਾ ਤਾਂ ਉਹ ਪਰਸ਼ੂਰਾਮ ਦੇ ਨਾਂ ਨਾਲ ਜਾਣੇ ਜਾਣ ਲੱਗੇ । ਉਨ੍ਹਾਂ ਕਿਹਾ ਕਿ ਭਗਵਾਨ ਪਰਸ਼ੂਰਾਮ ਦੀਆਂ ਸ਼ਕਤੀਆਂ ਬਰਕਰਾਰ ਨੇ ਅਤੇ ਭਗਵਾਨ ਵਿਸ਼ਨੂੰ ਨੇ ਧਰਤੀ 'ਤੇ ਸੰਤਾਂ-ਮਹਾਂਪੁਰਖਾਂ ਦੀ ਰੱਖਿਆ ਲਈ ਪਰਸ਼ੂਰਾਮ ਦੇ ਰੂਪ ਵਿੱਚ ਜਨਮ ਲਿਆ ਸੀ । ਸਭ ਦੇ ਪ੍ਰਧਾਨ ਵਿਜੇ ਕੁਮਾਰ ਨੇ ਕਿਹਾ ਕਿ ਭਗਵਾਨ ਪਰਸ਼ੂਰਾਮ ਜੀ ਨੇ ਸਾਨੂੰ ਸਿਖਾਇਆ ਏ ਕਿ ਸ਼ਸਤਰ ਤੇ ਸ਼ਾਸਤਰ ਦੋਵੇਂ ਹੀ ਉਪਯੋਗੀ ਨੇ ।

---------------------------------------------------

ਪੰਜਾਬ ਵਿਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਮਗਰੋਂ, ਮੌਸਮ ਵਿਭਾਗ ਨੇ ਅੱਜ ਤੋਂ 13 ਮਈ ਤਕ ਮੀਂਹ ਤੇ ਹਨੇਰੀ - ਝੱਖੜ ਸੰਬੰਧੀ

ਯੈਲੋ ਅਲਰਟ ਜਾਰੀ ਕੀਤਾ ਏ। ਫਾਜ਼ਿਲਕਾ, ਮੁਕਤਸਰ, ਮਾਨਸਾ, ਸੰਗਰੂਰ ਤੇ ਮਲੇਰਕੋਟਲਾ ਜ਼ਿਲਿਆਂ ਨੂੰ ਛੱਡ ਕੇ ਹੋਰਨਾਂ ਸਾਰੇ ਜ਼ਿਲਿਆਂ ਵਿਚ ਅੱਜ ਗ਼ਰਜ਼ ਚਮਕ ਨਾਲ ਮੀਂਹ ਪੈਣ ਤੇ 30 ਤੋਂ 40 ਕਿਲੋ-ਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵਗਣ ਦੀ ਚੇਤਾਵਨੀ ਜਾਰੀ ਕੀਤੀ ਏ ਜਦਕਿ ਭਲਕੇ 11 ਮਈ ਨੂੰ ਸਮੁੱਚੇ ਪੰਜਾਬ ਵਿਚ ਅਜਿਹਾ ਹੀ ਮੀਂਹ ਤੇ ਹਨੇਰੀ - ਝੱਖੜ ਵਾਲਾ ਮੌਸਮ ਬਣਿਆ ਰਹੇਗਾ। **12** ਮਈ ਨੂੰ ਤਰਨਤਾਰਨ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ, ਮਾਨਸਾ, ਸੰਗਰੂਰ ਅਤੇ ਮਲੇਰਕੋਟਲਾ ਜ਼ਿਲਿਆਂ ਨੂੰ ਛੱਡ ਕੇ ਸੂਬੇ ਦੇ ਹੋਰਨਾਂ ਸਾਰੇ ਜ਼ਿਲਿਆਂ ਵਿਚ ਗ਼ਰਜ਼ ਚਮਕ ਨਾਲ ਮੀਂਹ ਪੈ ਸਕਦਾ ਏ ਅਤੇ 30 ਤੋਂ 40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਹਵਾਵਾਂ ਵੱਗ ਸਕਦੀਆਂ ਨੇ। ਇਸੇ ਤਰ੍ਹਾਂ ਨਾਲ 13 ਮਈ ਨੂੰ ਵੀ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਰੂਪਨਗਰ ਜ਼ਿਲਿਆਂ ਵਿਚ ਮੀਂਹ ਤੇ ਹਨੇਰੀ - ਝੱਖੜ ਵਾਲਾ ਮੌਸਮ ਬਣਿਆ ਰਹੇਗਾ। ਵਿਭਾਗ ਨੇ ਇਸ ਦੌਰਾਨ ਲੋਕਾਂ ਨੂੰ ਪੂਰੀ ਸਾਵਧਾਨੀ ਬਰਤਣ ਦੀ ਸਲਾਹ ਦਿੱਤੀ

ਏ। ਇਸ ਦੌਰਾਨ ਅੱਜ ਸ਼ਾਮ ਵੇਲੇ ਜਲੰਧਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਆਏ ਤੇਜ਼ ਹਨੇਰੀ ਝੱਖੜ ਨਾਲ ਜਨ ਜੀਵਨ ਅਸਤ ਵਿਅਸਤ ਹੋ ਗਿਆ ਅਤੇ ਕਈ ਇਲਾਕਿਆਂ ਵਿਚ ਬਿਜਲੀ ਗੁਲ ਹੋ ਗਈ।

-----------------------------------------------

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਹੇਠ, ਸੂਬੇ ਦੇ ਵੱਖ ਵੱਖ ਜ਼ਿਲਿਆਂ ਵਿਚ ਭਲਕੇ 11 ਮਈ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ। ਇਸ ਵਿੱਚ ਸੰਗੀਨ ਫ਼ੌਜਦਾਰੀ ਦੇ ਮਾਮਲਿਆਂ ਨੂੰ ਛੱਡ ਕੇ ਬਾਕੀ ਹਰ ਤਰ੍ਹਾਂ ਦੇ ਕੇਸ ਲਗਾਏ ਜਾਂਦੇ ਨੇ। ਕੌਮੀ ਲੋਕ ਅਦਾਲਤ ਦਾ ਮੁੱਖ ਮਨੋਰਥ ਸਮਝੌਤੇ ਤੇ ਰਾਜ਼ੀਨਾਮੇ ਰਾਹੀਂ ਅਦਾਲਤੀ ਮਾਮਲਿਆਂ ਦਾ ਫ਼ੈਸਲਾ ਕਰਵਾਉਣਾ ਏ, ਤਾਂ ਜੋ ਧਿਰਾਂ ਦਾ ਪੈਸੇ ਤੇ ਸਮਾਂ ਬਚਾਉਣ ਦੇ ਨਾਲ ਨਾਲ ਉਨਾਂ ਦੀ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਘਰੇਲੂ ਝਗੜੇ, ਪਾਣੀ ਦੇ ਬਿੱਲ ਦੇ ਕੇਸ, ਚੈਕ ਬਾਉਂਸ ਨਾਲ ਸਬੰਧਿਤ ਕੇਸ, ਮੋਟਰ ਐਕਸੀਡੈਂਟ ਦਾਅਵੇ, ਟ੍ਰਿਬਿਊਨਲ ਨਾਲ ਸਬੰਧਿਤ ਮਾਮਲੇ, ਵਿਵਾਹਿਤ ਝਗੜੇ, ਟਰੈਫ਼ਿਕ ਚਲਾਨ, ਲੇਬਰ ਝਗੜੇ, ਬਿਜਲੀ

ਦੇ ਬਿੱਲ  ਅਤੇ ਬੈਂਕਾਂ ਦੇ ਮਾਮਲਿਆਂ  ਨੂੰ ਆਪਸੀ ਸਹਿਮਤੀ ਤੇ ਰਜ਼ਾਮੰਦੀ ਨਾਲ ਨਿਪਟਾਉਣ ਲਈ ਸੁਣਿਆ ਜਾਵੇਗਾ। ਲੋਕ ਅਦਾਲਤਾਂ ਵਿੱਚ ਛੇਤੀ ਨਿਆਂ ਮਿਲਦਾ ਏ, ਇਸ ਦੇ ਫ਼ੈਸਲੇ ਨੂੰ ਦੀਵਾਨੀ ਕੋਰਟ ਦੀ ਡਿਗਰੀ ਦੀ ਮਾਨਤਾ ਪ੍ਰਾਪਤ ਏ, ਇਸ ਦੇ ਫ਼ੈਸਲੇ ਖ਼ਿਲਾਫ਼ ਕੋਈ ਅਪੀਲ ਨਹੀਂ ਹੁੰਦੀ, ਇਸ ਵਿੱਚ ਫ਼ੈਸਲਾ ਆਪਸੀ ਸਹਿਮਤੀ ਅਤੇ ਰਜ਼ਾਮੰਦੀ ਨਾਲ ਕਰਵਾਇਆ ਜਾਂਦਾ ਏ, ਲੋਕ ਅਦਾਲਤ ਵਿੱਚ ਫ਼ੈਸਲਾ ਹੋਣ ਉਪਰੰਤ ਮਾਮਲੇ  ਵਿੱਚ ਲੱਗੀ ਸਾਰੀ ਕੋਰਟ ਫ਼ੀਸ ਵੀ ਵਾਪਸ ਮਿਲ ਜਾਂਦੀ ਏ ਅਤੇ ਇਸ ਦੇ ਫ਼ੈਸਲੇ ਅੰਤਿਮ ਹੁੰਦੇ ਨੇ।

---------------------------------------------------------------

**<u>ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ</u>**

- ਪੰਜਾਬ ਦੇ 13 ਲੋਕ ਸਭਾ ਹਲਕਿਆਂ ਵਿਚ ਆਮ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਚੌਥੇ ਦਿਨ ਵੱਡੀ ਗਿਣਤੀ ਵਿਚ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਕਾਗਜ਼ ਦਾਖ਼ਲ ਕੀਤੇ।
- BJP ਨੇ ਫਤਹਿਗੜ੍ਹ ਸਾਹਿਬ ਰਾਖਵੇਂ ਲੋਕਸਭਾ ਹਲਕੇ ਤੋਂ, ਗੇਜਾ ਰਾਮ ਵਾਲਮੀਕਿ ਨੂੰ ਆਪਣਾ ਉਮੀਦਵਾਰ ਐਲਾਨਿਆ।

- ਭਗਵਾਨ ਸ਼੍ਰੀ ਵਿਸ਼ਨੂੰ ਜੀ ਦੇ 6ਵੇਂ ਅਵਤਾਰ ਭਗਵਾਨ ਸ਼੍ਰੀ ਪਰਸ਼ੁਰਾਮ ਜੀ ਦਾ ਅਵਤਾਰ ਦਿਵਸ, ਅੱਜ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ ।